# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 15-08-202**

**ਪਹਿਲਾ ਬੁਲੇਟਿਨ ਦੀਆਂ ਖ਼ਾਸ ਖ਼ਬਰਾਂ...**

- ਦੇਸ਼ ਅੱਜ ਪੂਰੇ ਜੋਸ਼ੋ-ਖਰੋਸ਼ ਨਾਲ ਆਪਣਾ 79ਵਾਂ ਆਜ਼ਾਦੀ ਦਿਵਸ ਮਨਾ ਰਿਹਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦਿੱਲੀ ਦੇ ਇਤਿਹਾਸਿਕ ਲਾਲ ਕਿਲ੍ਹੇ ਤੋਂ ਆਜ਼ਾਦੀ ਦਿਵਸ ਜਸ਼ਨਾਂ ਦੀ ਅਗਵਾਈ ਕਰਦਿਆਂ, ਰਾਸ਼ਟਰੀ ਝੰਡਾ ਲਹਿਰਾਇਆ ਅਤੇ ਰਾਸ਼ਟਰ ਨੂੰ ਸੰਬੋਧਨ ਕੀਤਾ।

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਫਰੀਦਕੋਟ ਵਿਖੇ ਸੂਬਾ ਪੱਧਰੀ ਸਮਾਗਮ ਦੌਰਾਨ ਕੌਮੀ ਝੰਡਾ ਲਹਿਰਾਇਆ- ਸੂਬੇ ਭਰ ਵਿਚ ਆਜ਼ਾਦੀ ਦਿਹਾੜੇ ਸੰਬਧੀ ਸਮਾਗਮਾਂ ਦਾ ਆਯੋਜਨ- ਚੰਡੀਗੜ੍ਹ ਵਿਚ ਰਾਜਪਾਲ ਨੇ ਕੌਮੀ ਝੰਡਾ ਲਹਿਰਾਇਆ।

- ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ-ਦੇਸ਼ ਦੇ ਕਿਸਾਨਾਂ ਦੇ ਖਿਲਾਫ ਜਾਣ ਵਾਲਾ ਕੋਈ ਵੀ ਸਮਝੌਤਾ ਦੂਜੇ ਦੇਸ਼ਾਂ ਨਾਲ ਨਹੀਂ ਕੀਤਾ ਜਾਵੇਗਾ।

- ਸੀਮਾ ਸੁਰੱਖਿਆ ਬਲ ਵਲੋਂ ਅੰਮ੍ਰਿਤਸਰ ਦੇ ਖਾਸਾ ਅਤੇ ਅਟਾਰੀ ਸਮੇਤ ਹੋਰਨਾਂ ਯੂਨਿਟਾਂ ਵਿਚ ਤਿਰੰਗਾ ਲਹਿਰਾਇਆ।

- ਪੰਜਾਬ ਪੁਲਿਸ ਦੀਆਂ ਸ਼ਾਨਦਾਰ ਸੇਵਾਵਾਂ ਨੂੰ ਮਾਨਤਾ ਦਿੰਦਿਆਂ, ਪੰਜਾਬ ਪੁਲਿਸ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਵਿਲੱਖਣ ਸੇਵਾ ਲਈ ਰਾਸ਼ਟਰਪਤੀ ਮੈਡਲ ਅਤੇ ਬੇਮਿਸਾਲ ਸੇਵਾ ਲਈ ਮੈਡਲ ਨਾਲ ਕੀਤਾ ਗਿਆ ਸਨਮਾਨਿਤ ।

**ਤੇ ਹੁਣ ਖ਼ਬਰਾਂ ਵਿਸਥਾਰ ਨਾਲ**

ਅੱਜ ਦੇਸ਼ ਆਪਣਾ 79ਵਾਂ ਆਜ਼ਾਦੀ ਦਿਵਸ ਮਨਾ ਰਿਹਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦਿੱਲੀ ਦੇ ਪ੍ਰਸਿੱਧ ਲਾਲ ਕਿਲ੍ਹੇ ਤੋਂ ਆਜ਼ਾਦੀ ਦਿਵਸ ਦੇ ਜਸ਼ਨਾਂ ਦੀ ਅਗਵਾਈ ਕੀਤੀ ਅਤੇ ਰਾਸ਼ਟਰੀ ਝੰਡਾ

ਲਹਿਰਾਇਆ। ਲਾਲ ਕਿਲੇ ਦੀ ਫ਼ਸੀਲ ਤੋਂ ਰਾਸ਼ਟਰ ਨੂੰ ਸੰਬੋਧਨ ਕਰਦਿਆਂ, ਸ੍ਰੀ ਮੋਦੀ ਨੇ ਆਪ੍ਰੇਸ਼ਨ ਸਿੰਦੂਰ ਦੇ ਬਹਾਦਰ ਸੈਨਿਕਾਂ ਨੂੰ ਸਲਾਮ ਕਰਦੇ ਹੋਏ ਕਿਹਾ ਕਿ ਇਹ ਆਪ੍ਰੇਸ਼ਨ, ਦੇਸ਼ ਦੀਆਂ ਹਥਿਆਰਬੰਦ ਫੌਜਾਂ ਦੀ ਬਹਾਦਰੀ ਅਤੇ ਸਟੀਕਤਾ ਦਾ ਇੱਕ ਸ਼ਕਤੀਸ਼ਾਲੀ ਪ੍ਰਮਾਣ ਏ। ਸ੍ਰੀ ਮੋਦੀ ਨੇ ਕਿਹਾ ਕਿ ਭਾਰਤ ਨੇ ਹੁਣ ਫੈਸਲਾ ਕਰ ਲਿਆ ਏ ਕਿ, ਖ਼ੂਨ ਅਤੇ ਪਾਣੀ ਇਕੱਠੇ ਨਹੀਂ ਵਹਿਣਗੇ। ਪ੍ਰਧਾਨ ਮੰਤਰੀ ਨੇ ਕਿਹਾ ਕਿ ਦੇਸ਼ ਦੇ ਲੋਕਾਂ ਨੂੰ ਹੁਣ ਅਹਿਸਾਸ ਹੋ ਗਿਆ ਏ ਕਿ ਸਿੰਧੂ ਜਲ ਸੰਧੀ ਬੇਇਨਸਾਫ਼ੀ ਸੀ।

**BYTE**

ਉਨ੍ਹਾਂ ਕਿਹਾ ਕਿ ਭਾਰਤ ਹੁਣ ਪ੍ਰਮਾਣੂ ਬਲੈਕਮੇਲ ਨੂੰ ਬਰਦਾਸ਼ਤ ਨਹੀਂ ਕਰੇਗਾ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਭਾਰਤ ਦੁਸ਼ਮਣਾਂ ਦੀ ਕਿਸੇ ਵੀ ਕੋਸ਼ਿਸ਼ ਨੂੰ ਅਸਫਲ ਕਰਨ ਲਈ ਇੱਕ ਸ਼ਕਤੀਸ਼ਾਲੀ ਹਥਿਆਰ ਪ੍ਰਣਾਲੀ ਬਣਾਉਣ ਲਈ ਮਿਸ਼ਨ ਸੁਦਰਸ਼ਨ ਚੱਕਰ ਸ਼ੁਰੂ ਕਰੇਗਾ। ਸ੍ਰੀ ਮੋਦੀ ਨੇ ਕਿਹਾ ਕਿ, ਅਗਲੇ ਦਸ ਸਾਲਾਂ ਵਿੱਚ, 2035 ਤੱਕ, ਇਸ ਰਾਸ਼ਟਰੀ ਸੁਰੱਖਿਆ ਢਾਲ ਦਾ ਪਸਾਰ ਕੀਤਾ ਜਾਏਗਾ, ਇਸਨੂੰ ਹੋਰ

ਮਜ਼ਬੂਤ ਬਣਾਇਆ ਜਾਏਗਾ ਅਤੇ ਇਸਦਾ ਆਧੁਨਿਕੀਕਰਨ ਕੀਤਾ ਜਾਵੇਗਾ।

**BYTE**

ਪ੍ਰਧਾਨ ਮੰਤਰੀ ਨੇ ਰੱਖਿਆ, ਤਕਨਾਲੋਜੀ, ਊਰਜਾ, ਪੁਲਾੜ ਅਤੇ ਨਿਰਮਾਣ ਵਿੱਚ ਭਾਰਤ ਦੀ ਤਰੱਕੀ ਦਾ ਹਵਾਲਾ ਦਿੰਦੇ ਹੋਏ, ਵਿਕਸਿਤ ਭਾਰਤ ਲਈ ਇੱਕ ਮੁੱਖ ਨੀਂਹ ਪੱਥਰ ਵਜੋਂ ਆਤਮਨਿਰਭਰ ਭਾਰਤ 'ਤੇ ਜ਼ੋਰ ਦਿੱਤਾ। ਸ੍ਰੀ ਮੋਦੀ ਨੇ ਕਿਹਾ ਕਿ ਉਹ ਕਿਸਾਨਾਂ ਅਤੇ ਮਛੇਰਿਆਂ ਦੇ ਹਿੱਤਾਂ ਦੀ ਰਾਖੀ ਲਈ ਖੜ੍ਹੇ ਰਹਿਣਗੇ, ਅਤੇ ਭਾਰਤ ਉਨ੍ਹਾਂ ਦੇ ਹਿੱਤਾਂ ਨਾਲ ਕਦੇ ਵੀ ਸਮਝੌਤਾ ਨਹੀਂ ਕਰੇਗਾ। ਸ੍ਰੀ ਮੋਦੀ ਨੇ ਇਹ ਵੀ ਜ਼ਿਕਰ ਕੀਤਾ ਕਿ ਪੁਲਾੜ ਖੇਤਰ ਵਿੱਚ, ਭਾਰਤ ਗਗਨਯਾਨ ਲਈ ਤਿਆਰੀ ਕਰ ਰਿਹਾ ਏ। ਪ੍ਰਧਾਨ ਮੰਤਰੀ ਮੋਦੀ ਨੇ ਪਿਛਲੇ ਇੱਕ ਸੌ ਸਾਲਾਂ ਤੋਂ ਦੇਸ਼ ਦੀ ਸੇਵਾ ਵਿੱਚ RSS ਸਵੈ – ਸੇਵਕਾਂ ਦੇ ਸਮਰਪਣ ਨੂੰ ਸਲਾਮ ਕੀਤਾ। ਉਨ੍ਹਾਂ ਕਿਹਾ ਕਿ RSS ਦੁਨੀਆ ਦਾ ਸਭ ਤੋਂ ਵੱਡਾ NGO ਏ, ਜਿਸਦਾ 100 ਸਾਲਾਂ ਦੇ ਸਮਰਪਣ ਦਾ ਇਤਿਹਾਸ ਏ। ਪ੍ਰਧਾਨ ਮੰਤਰੀ ਨੇ ਇਸ ਮੌਕੇ ਲਈ ਸੱਦੇ ਗਏ ਵਿਸ਼ੇਸ਼ ਮਹਿਮਾਨਾਂ ਅਤੇ ਸਕੂਲੀ ਵਿਦਿਆਰਥੀਆਂ ਨਾਲ ਗੱਲਬਾਤ

ਵੀ ਕੀਤੀ। ਸਮਾਗਮ ਦੀ ਸਮਾਪਤੀ ਰਾਸ਼ਟਰ ਗਾਨ ਅਤੇ ਤਿਰੰਗੇ ਗੁਬਾਰੇ ਅਸਮਾਨ ‘ਚ ਛੱਡੇ ਜਾਣ ਨਾਲ ਹੋਈ ।

-----------------------------------------------------------

ਪੰਜਾਬ ਵਿੱਚ, 79ਵਾਂ ਆਜ਼ਾਦੀ ਦਿਵਸ ਪੂਰੇ ਜੋਸ਼ ਅਤੇ ਉਤਸ਼ਾਹ ਨਾਲ ਮਨਾਇਆ ਗਿਆ । ਸੂਬਾ ਪੱਧਰੀ ਸਮਾਗਮ ਫਰੀਦਕੋਟ ਵਿਖੇ ਹੋਇਆ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਰਾਸ਼ਟਰੀ ਝੰਡਾ ਲਹਿਰਾਇਆ ਅਤੇ ਸਰਕਾਰ ਦੀਆਂ ਕਾਰਗੁਜ਼ਾਰੀਆਂ ਬਾਰੇ ਚਾਨਣਾ ਪਾਇਆ।

**BYTE**

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਚੰਡੀਗੜ੍ਹ ਵਿਖੇ ਤਿਰੰਗਾ ਲਹਿਰਾਇਆ ਅਤੇ ਮਾਰਚ ਪਾਸਟ ਤੋਂ ਸਲਾਮੀ ਲਈ।

**BYTE**

ਸੂਬੇ ਦੇ ਕੈਬਨਿਟ ਮੰਤਰੀਆਂ ਨੇ ਵੱਖ-ਵੱਖ ਜ਼ਿਲ੍ਹਾ ਸਦਰ ਮੁਕਾਮਾਂ ਵਿਖੇ ਝੰਡਾ ਲਹਿਰਾਇਆ । ਫਾਜ਼ਿਲਕਾ ਵਿਖੇ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਤਿਰੰਗਾ ਲਹਿਰਾਇਆ।

ਇਸ ਤੋਂ ਪਹਿਲਾਂ ਉਨ੍ਹਾਂ ਨੇ ਭਾਰਤ -ਪਾਕਿਸਤਾਨ ਸਰਹੱਦ ਨੇੜੇ ਪਿੰਡ ਆਸਫਵਾਲਾ ਵਿਖੇ ਬਣੀ ਸ਼ਹੀਦਾਂ ਦੀ ਸਮਾਧ ਤੇ ਜਾ ਕੇ, 1971 ਦੇ ਸ਼ਹੀਦਾਂ ਨੂੰ ਸਰਧਾਂਜਲੀ ਭੇਂਟ ਕੀਤੀ। ਏਧਰ ਜਲੰਧਰ ਵਿਚ ਆਜ਼ਾਦੀ ਦਿਹਾੜੇ ਮੌਕੇ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ ਜ਼ਿਲ੍ਹਾ ਪੱਧਰੀ ਸਮਾਗਮ ਕਰਵਾਇਆ ਗਿਆ ਇਸ ਮੌਕੇ ਪੰਜਾਬ ਦੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਬਤੌਰ ਮੁੱਖ ਮਹਿਮਾਨ ਸ਼ਾਮਿਲ ਹੋਏ। ਬਠਿੰਡਾ ਵਿਖੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਅਤੇ ਕੈਬਿਨੇਟ ਮੰਤਰੀ ਲਾਲ ਚੰਦ ਕਟਾਰੂ ਚੱਕ ਨੇ ਤਰਨ ਤਾਰਨ ਵਿਖੇ ਰਾਸ਼ਟਰੀ ਝੰਡਾ ਲਹਿਰਾਇਆ। ਰੂਪਨਗਰ ਵਿਖੇ ਜ਼ਿਲ੍ਹਾ ਪੱਧਰੀ ਸੁਤੰਤਰਤਾ ਦਿਵਸ ਸਮਾਰੋਹ ਨਹਿਰੂ ਸਟੇਡੀਅਮ ਵਿਖੇ ਕਰਵਾਇਆ ਗਿਆ। ਇਸ ਮੌਕੇ ਖਜ਼ਾਨਾ, ਯੋਜਨਾ, ਕਰ ਤੇ ਆਬਕਾਰੀ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਮੁੱਖ-ਮਹਿਮਾਨ ਵਜੋਂ ਝੰਡਾ ਲਹਿਰਾਉਣ ਦੀ ਰਸਮ ਨਿਭਾਈ ਗਈ। ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਸ਼ਹੀਦ ਮੇਜਰ ਹਰਮਿੰਦਰ ਪਾਲ ਸਿੰਘ ਸਰਕਾਰੀ ਕਾਲਜ, ਮੋਹਾਲੀ ਵਿਖੇ ਰਾਸ਼ਟਰੀ ਝੰਡਾ ਲਹਿਰਾਇਆ। ਪਠਾਨਕੋਟ

ਵਿੱਚ ਵੀ ਭਾਰੀ ਬਰਸਾਤ ਵਿੱਚ ਜ਼ਿਲ੍ਹਾ ਪੱਧਰੀ ਸਵਤੰਤਰਤਾ ਦਿਵਸ ਸਮਾਗਮ ਸਪੋਰਟਸ ਸਟੇਡੀਅਮ ਲਮੀਨੀ ਵਿਖੇ ਉਤਸ਼ਾਹ ਦੇ ਨਾਲ ਮਨਾਇਆ ਗਿਆ। ਸਮਾਗਮ ਵਿੱਚ ਕੈਬਿਨਟ ਮੰਤਰੀ ਡਾਕਟਰ ਰਵਜੋਤ ਸਿੰਘ ਨੇ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ। ਲੁਧਿਆਣੇ ਵਿਖੇ ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਪੰਜਾਬ ਪ੍ਰਧਾਨ ਅਮਨ ਅਰੋੜਾ ਨੇ  ਪਟਿਆਲਾ ‘ਚ ਬਿਜਲੀ ਮੰਤਰੀ ਹਰਭਜਨ ਸਿੰਘ ਈਟੀਓ ਨੇ ਅਤੇ ਫਤਹਿਗੜ੍ਹ ਸਾਹਿਬ ਵਿਚ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ। ਇਸ ਦੇ ਨਾਲ - ਨਾਲ ਹੋਰ ਜ਼ਿਲਿਆਂ 'ਚ ਵੀ ਪੂਰੇ ਉਤਸ਼ਾਹ ਨਾਲ ਆਜ਼ਾਦੀ ਦਿਵਸ ਮਨਾਉਣ ਦੀਆਂ ਖਬਰਾਂ ਨੇ।

---------------------------------------------------------------

ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਏ ਕਿ ਦੇਸ਼ ਦੇ ਕਿਸਾਨਾਂ ਦੇ ਵਿਰੁੱਧ ਜਾਣ ਵਾਲਾ ਕੋਈ ਵੀ ਸਮਝੌਤਾ ਦੂਜੇ ਦੇਸ਼ਾਂ ਨਾਲ ਨਹੀਂ ਕੀਤਾ ਜਾਵੇਗਾ। ਅੱਜ ਨਵੀਂ ਦਿੱਲੀ ਵਿੱਚ ਦੇਸ਼ ਦੇ ਕਿਸਾਨਾਂ ਨਾਲ ਗੱਲਬਾਤ ਦੌਰਾਨ, ਸ਼੍ਰੀ ਚੌਹਾਨ ਨੇ ਕਿਹਾ ਕਿ ਕੋਈ ਵੀ

ਸਮਝੌਤਾ ਆਪਸੀ ਤੌਰ 'ਤੇ ਸਵੀਕਾਰਯੋਗ ਸ਼ਰਤਾਂ 'ਤੇ ਹੋਣਾ ਚਾਹੀਦਾ ਏ । ਉਨ੍ਹਾਂ ਕਿਹਾ ਕਿ ਦੇਸ਼ ਅਤੇ ਦੇਸ਼ ਦੇ ਕਿਸਾਨਾਂ ਦੀ ਭਲਾਈ ਸਭ ਤੋਂ ਮਹੱਤਵਪੂਰਨ ਏ ।

------------------------------------------------------------

ਰੱਖਿਆ ਦੀ ਪਹਿਲੀ ਕਤਾਰ ਸਰਹੱਦੀ ਸੁਰੱਖਿਆ ਬਲ ਨੇ ਪੰਜਾਬ ਵਿੱਚ ਆਪਣੀਆਂ ਸਾਰੀਆਂ ਇਕਾਈਆਂ ਵਿੱਚ ਆਜ਼ਾਦੀ ਦਿਵਸ ਮਨਾਇਆ । BSF ਦੇ ਡਾਇਰੈਕਟਰ ਜਨਰਲ, ਦਲਜੀਤ ਸਿੰਘ ਚੌਧਰੀ ਨੇ ਅੰਮ੍ਰਿਤਸਰ ਦੇ ਖਾਸਾ ਵਿਖੇ ਰਾਸ਼ਟਰੀ ਝੰਡਾ ਲਹਿਰਾਇਆ। ਭਾਰਤ-ਪਾਕਿਸਤਾਨ ਕੌਮਾਂਤਰੀ ਸਰਹੱਦ 'ਤੇ ਸਾਂਝੇ ਚੈਕ ਪੁਆਇੰਟ ਅਟਾਰੀ ਵਿਖੇ, BSF ਦੇ DIG SS ਚੰਦੇਲ ਨੇ ਤਿਰੰਗਾ ਲਹਿਰਾਇਆ ਅਤੇ ਜਵਾਨਾਂ ਨੂੰ ਸੰਬੋਧਨ ਕੀਤਾ ਅਤੇ ਉਨ੍ਹਾਂ ਨੂੰ ਮਠਿਆਈਆਂ ਭੇਟ ਕੀਤੀਆਂ। DIG SS ਐਸ.ਐਸ. ਚਦੇਲ ਨੇ ਕਿਹਾ ਕਿ ਇਸ ਵਾਰ ਦਾ ਆਜ਼ਾਦੀ ਦਿਹਾੜਾ ਖਾਸ ਅਹਿਮੀਅਤ ਰੱਖਦਾ ਏ ਕਿਉਂਕਿ ਆਪਰੇਸ਼ਨ ਸਿੰਦੂਰ ਤੋਂ ਬਾਅਦ ਇਹ ਪਹਿਲਾ ਮੌਕਾ ਏ ਜਦੋਂ ਦੇਸ਼ ਭਰ ਦੇ ਜਵਾਨ ਜ਼ੋਸ਼ ਅਤੇ ਉਤਸ਼ਾਹ ਨਾਲ ਤਿਉਹਾਰ ਮਨਾ ਰਹੇ ਨੇ ।

**BYTE**

ਇਸ ਦੌਰਾਨ ਅਟਾਰੀ ਵਾਹਗਾ ਸੰਯੁਕਤ ਚੌਂਕੀ 'ਤੇ ਆਜ਼ਾਦੀ ਦੇ ਜਸ਼ਨਾਂ ਸਬੰਧੀ ਵੱਖ-ਵੱਖ ਸਭਿਆਚਾਰਕ ਪ੍ਰੋਗਰਾਮ ਕੀਤੇ ਜਾ ਰਹੇ ਨੇ । ਬੀ.ਐਸ.ਐਫ ਦੇ ਡਾਇਰੈਕਟਰ ਜਨਰਲ, ਦਲਜੀਤ ਸਿੰਘ ਚੌਧਰੀ ਇਹਨਾਂ ਜਸ਼ਨ ਵਿੱਚ ਵਿਸ਼ੇਸ਼ ਤੌਰ ਦੇ ਸ਼ਾਮਿਲ ਹੋਏ ।

---

ਓਧਰ ਭਾਰਤੀ-ਤਿਬਤ ਸਰਹੱਦੀ ਪੁਲਿਸ ਬਲ ਦੀ 30ਵੀਂ ਬਟਾਲੀਅਨ ਨੇ ਜਲੰਧਰ ਵਿਖੇ ਸ਼ਾਨਦਾਰ ਪਰੇਡ ਦਾ ਆਯੋਜਨ ਕੀਤਾ। ਬਟਾਲੀਅਨ ਦੇ ਕਮਾਂਡੈਂਟ ਬੂਟਾ ਸੁਮਨ ਦੀ ਅਗਵਾਈ ਹੇਠ 30ਵੀਂ ਬਟਾਲੀਅਨ ਆਈ.ਟੀ.ਬੀ.ਪੀ., ਸਰਾਏ ਖਾਸ ਕੈਂਪ, ਕਰਤਾਰਪੁਰ ਵਿਖੇ ਆਜ਼ਾਦੀ ਦਿਵਸ ਉਤਸ਼ਾਹ ਨਾਲ ਮਨਾਇਆ । ਕਮਾਂਡੈਂਟ ਨੇ ਰਾਸ਼ਟਰੀ ਝੰਡਾ ਲਹਿਰਾਇਆ ਅਤੇ ਪਰੇਡ ਤੋਂ ਸਲਾਮੀ ਲਈ । ਉਨ੍ਹਾਂ ਕਿਹਾ ਕਿ ਸਾਨੂੰ ਆਜ਼ਾਦੀ ਵਿਰਾਸਤ ਵਿੱਚ ਨਹੀਂ ਮਿਲੀ, ਸਗੋਂ ਲੱਖਾਂ ਦੇਸ਼ ਭਗਤਾਂ ਨੇ ਇਸ ਨੂੰ ਪ੍ਰਾਪਤ ਕਰਨ ਲਈ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ ਹਨ। ਇਸ ਮੌਕੇ, ਕਮਾਂਡੈਂਟ ਨੇ ਸਾਰਿਆਂ ਨੂੰ ਦੇਸ਼ ਪ੍ਰਤੀ ਆਪਣੇ ਫਰਜ਼ ਪੂਰੀ ਸ਼ਰਧਾ

ਨਾਲ ਨਿਭਾਉਣ, ਦੇਸ਼ ਦੀ ਅਖੰਡਤਾ ਅਤੇ ਏਕਤਾ ਬਣਾਈ ਰੱਖਣ ਲਈ ਕੰਮ ਕਰਨ ਦਾ ਪ੍ਰਣ ਲਿਆ ।

-----------------------------------------------------------

ਰਾਜ ਸਭਾ ਮੈਂਬਰ ਹਰਭਜਨ ਸਿੰਘ ਨੇ ਅੱਜ ਆਪਣੇ ਐਮ.ਪੀ. ਲੈਡ ਫੰਡ ਵਿੱਚੋਂ 6 ਲੋੜਵੰਦ ਵਿਅਕਤੀਆਂ ਨੂੰ ਇਲੈਕਟ੍ਰਾਨਿਕ ਵ੍ਹੀਲਚੇਅਰ ਪ੍ਰਦਾਨ ਕੀਤੇ । ਕਪੂਰਥਲਾ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਆਯੋਜਿਤ ਸਮਾਗਮ ਦੌਰਾਨ ਉਨ੍ਹਾਂ ਕਿਹਾ ਕਿ ਆਜ਼ਾਦੀ ਦਿਵਸ ਦੇ ਮੌਕੇ 'ਤੇ ਲੋੜਵੰਦਾਂ ਨੂੰ ਵ੍ਹੀਲਚੇਅਰ ਪ੍ਰਦਾਨ ਕਰਕੇ ਉਨ੍ਹਾਂ ਨੂੰ ਬਹੁਤ ਖੁਸ਼ੀ ਹੋਈ । ਇਸ ਮੌਕੇ ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਅਤੇ ਐਸ.ਐਸ.ਪੀ ਗੌਰਵ ਤੂਰਾ ਵੀ ਮੌਜੂਦ ਰਹੇ ।

-----------------------------------------------------------

ਡਾ. ਬੀ. ਆਰ. ਅੰਬੇਡਕਰ ਨੈਸ਼ਨਲ ਇੰਸਟੀਚਿਊਟ ਆਫ਼ ਟੈਕਨਾਲੋਜੀ ਜਲੰਧਰ ਕੈਂਪਸ ਨੇ ਵੀ ਆਜ਼ਾਦੀ ਦਿਵਸ ਉਤਸ਼ਾਹ ਨਾਲ ਮਨਾਇਆ। ਮੁੱਖ ਮਹਿਮਾਨ ਅਤੇ ਸੰਸਥਾ ਦੇ ਡਾਇਰੈਕਟਰ, ਪ੍ਰੋ. ਬਿਨੋਦ ਕੁਮਾਰ ਕਨੌਜੀਆ ਨੇ ਪ੍ਰਬੰਧਕੀ ਬਲਾਕ ਦੇ ਸਾਹਮਣੇ ਰਾਸ਼ਟਰੀ ਝੰਡਾ

ਲਹਿਰਾਇਆ। ਪੂਰਾ ਕੈਂਪਸ ਰਾਸ਼ਟਰੀ ਗੀਤ ਦੀਆਂ ਸੁਰੀਲੀਆਂ ਧੁਨਾਂ ਨਾਲ ਗੂੰਜ ਉੱਠਿਆ, ਜੋ ਆਜ਼ਾਦੀ ਦਿਵਸ ਦੀ ਮਹੱਤਤਾ ਅਤੇ ਰਾਸ਼ਟਰ ਦੀ ਏਕਤਾ ਅਤੇ ਪ੍ਰਗਤੀ ਦੀ ਭਾਵਨਾ ਨੂੰ ਦਰਸਾਉਂਦਾ ਸੀ । ਪ੍ਰੋ. ਕਨੌਜੀਆ ਨੇ ਆਜ਼ਾਦੀ ਘੁਲਾਟੀਆਂ ਦੀਆਂ ਕੁਰਬਾਨੀਆਂ ਨੂੰ ਯਾਦ ਕੀਤਾ । ਉਨ੍ਹਾਂ ਸਿੱਖਿਆ ਦੀ ਪਰਿਵਰਤਨਸ਼ੀਲ ਭੂਮਿਕਾ 'ਤੇ ਜ਼ੋਰ ਦਿੱਤਾ ਅਤੇ ਕਿਹਾ ਕਿ ਇਹ ਇੱਕ ਪ੍ਰਗਤੀਸ਼ੀਲ, ਆਤਮ -ਨਿਰਭਰ ਅਤੇ ਸਮਾਵੇਸ਼ੀ ਭਾਰਤ ਬਣਾਉਣ ਦੀ ਕੁੰਜੀ ਏ ।

----------------------------------------------------------------

ਅੱਜ ਗੁਰਦਾਸਪੁਰ ਦੇ ਪਿੰਡ ਜੋਗੋਵਾਲਾ ਜੱਟਾਂ ਦੇ ਵਸਨੀਕਾਂ ਨੇ ਆਜ਼ਾਦੀ ਦਿਹਾੜਾ ਚਾਰ ਦਹਿਸ਼ਤਗਰਦਾਂ ਨੂੰ ਮਾਰ ਕੇ ਸ਼ਹੀਦ ਹੋਏ ਆਪਣੇ ਪਿੰਡ ਦੇ ਸ਼ੋਰਯਾ ਚੱਕਰ ਵਿਜੇਤਾ ਗੁਰਤੇਜ ਸਿੰਘ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਮਨਾਇਆ। ਪਿੰਡ ਵਾਸੀਆਂ ਵੱਲੋਂ ਇਸ ਮੌਕੇ ਸ਼ਹੀਦਾਂ ਯਾਦ ਵਿੱਚ ਪੂਰੇ ਪਿੰਡ ਵਿੱਚ ਤਿਰੰਗਾ ਯਾਤਰਾ ਕੱਢੀ ਗਈ। ਜ਼ਿਕਰਯੋਗ ਏ ਕਈ 2023 ਵਿੱਚ ਜੰਮੂ ਕਸ਼ਮੀਰ ਦੇ ਪੁੰਛ ਸੈਕਟਰ ਵਿੱਚ ਦਹਿਸ਼ਤਗਰਦਾਂ ਨਾਲ ਮੁੱਠਭੇੜ ਦੌਰਾਨ ਸ਼ਹੀਦ ਹੋਏ ਭਾਰਤੀ ਫੌਜ ਦੇ

ਜਵਾਨ ਗੁਰਤੇਜ ਸਿੰਘ ਨੇ ਸ਼ਹਾਦਤ ਤੋਂ ਪਹਿਲਾਂ ਚਾਰ ਦਹਿਸ਼ਤਗਰਦਾਂ ਨੂੰ ਬਹਾਦਰੀ ਨਾਲ ਮਾਰ ਮੁਕਾਇਆ ਸੀ।

--------------------------------------------------------

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਸੋਮਵਾਰ ਯਾਨੀ 18 ਅਗਸਤ ਨੂੰ ਚੰਡੀਗੜ੍ਹ ਦੇ ਸਾਰੇ ਸਕੂਲਾਂ - ਸਰਕਾਰੀ, ਸਰਕਾਰੀ ਸਹਾਇਤਾ ਪ੍ਰਾਪਤ ਅਤੇ ਪ੍ਰਾਈਵੇਟ - ਲਈ ਛੁੱਟੀ ਦਾ ਐਲਾਨ ਕੀਤਾ ਏ।

--------------------------------------------------------

ਪੰਜਾਬ ਪੁਲਿਸ ਦੀਆਂ ਸ਼ਾਨਦਾਰ ਸੇਵਾਵਾਂ ਨੂੰ ਮਾਨਤਾ ਦਿੰਦਿਆਂ ਪੰਜਾਬ ਪੁਲਿਸ ਦੇ ਅਧਿਕਾਰੀਆਂ ਕਰਮਚਾਰੀਆਂ ਨੂੰ ਵਿਲੱਖਣ ਸੇਵਾ ਲਈ ਰਾਸ਼ਟਰਪਤੀ ਮੈਡਲ ਅਤੇ ਬੇਮਿਸਾਲ ਸੇਵਾ ਲਈ ਮੈਡਲ ਨਾਲ ਸਨਮਾਨਿਤ ਕੀਤਾ ਗਿਆ। ਪੰਜਾਬ ਪੁਲਿਸ ਦੇ ਬੁਲਾਰੇ ਨੇ ਦੱਸਿਆ ਕਿ ਸੂਬਾ ਹਥਿਆਰਬੰਦ ਪੁਲਿਸ ਦੇ ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਿਸ, ਐਮ.ਐਫ. ਫਾਰੂਕੀ ਅਤੇ ਲੁਧਿਆਣਾ ਕਾਊਂਟਰ ਇੰਟੈਲੀਜੈਂਸ, ਦੇ ਇੰਸਪੈਕਟਰ ਸੁਰੇਸ਼ ਕੁਮਾਰ ਨੂੰ ਵਿਲੱਖਣ ਸੇਵਾ ਲਈ ਰਾਸ਼ਟਰਪਤੀ

ਮੈਡਲ ਨਾਲ ਸਨਮਾਨਿਤ ਕੀਤਾ ਗਿਆ । ਇਸੇ ਤਰ੍ਹਾਂ 14 ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਬੇਮਿਸਾਲ ਸੇਵਾ ਲਈ ਮੈਡਲ ਨਾਲ ਨਵਾਜ਼ਿਆ ਗਿਆ । ਪੰਜਾਬ ਪੁਲਿਸ ਮੁੱਖੀ ਗੌਰਵ ਯਾਦਵ ਨੇ ਪੁਰਸਕਾਰ ਜੇਤੂਆਂ ਨੂੰ ਵਧਾਈ ਦਿੰਦਿਆਂ ਕੇਂਦਰ ਸਰਕਾਰ ਅਤੇ ਸੂਬਾ ਸਰਕਾਰ ਦਾ ਧੰਨਵਾਦ ਕੀਤਾ। ਇਸੇ ਦੌਰਾਨ ਮੁਖ ਮੰਤਰੀ ਦੇ ਰਕਸ਼ਕ ਪਦਕ ਨਾਲ ਚਾਰ ਪੁਲਿਸ ਮੁਲਾਜ਼ਮ ਜਦਕਿ 14 ਹੋਰ ਪੁਲਿਸ ਮੁਲਾਜ਼ਮ ਨੂੰ ਉੂਨਾ ਦੀਆਂ ਵਿਲੱਖਣ ਸੇਵਾਵਾਂ ਵਾਸਤੇ ਮਾਡਲ ਨਾਲ ਨਿਵਾਜ਼ਿਆ ਗਿਆ । ਓਧਰ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਵਲੋਂ ਚੰਡੀਗੜ੍ਹ ਦੇ ਸਬ ਇੰਸਪੈਕਟਰ ਰਾਜਿੰਦਰ ਕੁਮਾਰ ਅਤੇ ਹੈਡ ਕਾਂਸਟੇਬਲ ਵਿਕਰਮ ਨੂੰ, ਵਿਲੱਖਣ ਸੇਵਾਵਾਂ ਲਈ ਰਾਸ਼ਟਰਪਤੀ ਮੈਡਲ ਨਾਲ 18 ਹੋਰ ਪੁਲਿਸ ਮੁਲਾਜ਼ਮਾਂ ਨੂੰ ਉੂਨਾ ਦੀਆਂ ਬੇਮਿਸਾਲ ਸ਼ਾਵਾ ਵਾਸਤੇ ਸਨਮਾਨਿਤ ਕੀਤਾ ਗਿਆ।

-------------------------------------------------------------

ਅੱਜ ਸਵੇਰੇ ਹਿਮਾਚਲ ਵਿੱਚ ਕਾਂਗੜਾ ਸਥਿਤ ਚਾਮੁੰਡਾ ਦੇਵੀ ਮੰਦਰ ਤੋਂ ਮੱਥਾ ਟੇਕ ਕੇ ਵਾਪਸ ਆ ਰਹੇ ਮੋਗਾ ਦੇ ਚਾਰ ਵਸਨੀਕਾਂ ਦੀ ਇੱਕ ਸੜਕ

ਸੜਕੀ ਹਾਦਸੇ ਵਿੱਚ ਮੌਤ ਹੋ ਗਈ ਜਦਕਿ 11 ਹੋਰ ਜ਼ਖਮੀ ਦੱਸੇ ਗਏ ਨੇ । ਮਰਨ ਵਾਲਿਆਂ ਵਿੱਚ ਦੋ ਮਹਿਲਾਵਾਂ ਵੀ ਸ਼ਾਮਿਲ ਨੇ। ਪੁਲਿਸ ਸੂਤਰਾਂ ਮੁਤਾਬਿਕ ਇਹ ਸਾਰੇ ਇੱਕ ਪਿੱਕ ਅਪ ਵੈਨ ਵਿੱਚ ਸਵਾਰ ਸਨ ਜਦੋਂ ਉਹਨਾਂ ਦਾ ਵਾਹਨ ਸੜਕ ਤੋਂ ਥੱਲੇ ਉਤਰ ਗਿਆ। ਹੋਰ ਵੇਰਵਿਆਂ ਦੀ ਉਡੀਕ ਏ।

---

- ਦੇਸ਼ ਅੱਜ ਪੂਰੇ ਜੋਸ਼ੋ-ਖਰੋਸ਼ ਨਾਲ ਆਪਣਾ 79ਵਾਂ ਆਜ਼ਾਦੀ ਦਿਵਸ ਮਨਾ ਰਿਹਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦਿੱਲੀ ਦੇ ਇਤਿਹਾਸਿਕ ਲਾਲ ਕਿਲ੍ਹੇ ਤੋਂ ਆਜ਼ਾਦੀ ਦਿਵਸ ਜਸ਼ਨਾਂ ਦੀ ਅਗਵਾਈ ਕਰਦਿਆਂ, ਰਾਸ਼ਟਰੀ ਝੰਡਾ ਲਹਿਰਾਇਆ ਅਤੇ ਰਾਸ਼ਟਰ ਨੂੰ ਸੰਬੋਧਨ ਕੀਤਾ।

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਫਰੀਦਕੋਟ ਵਿਖੇ ਸੂਬਾ ਪੱਧਰੀ ਸਮਾਗਮ ਦੌਰਾਨ ਕੌਮੀ ਝੰਡਾ ਲਹਿਰਾਇਆ- ਸੂਬੇ ਭਰ ਵਿਚ ਆਜ਼ਾਦੀ ਦਿਹਾੜੇ ਸੰਬਧੀ ਸਮਾਗਮਾਂ ਦਾ ਆਯੋਜਨ- ਚੰਡੀਗੜ੍ਹ ਵਿਚ ਰਾਜਪਾਲ ਨੇ ਕੌਮੀ ਝੰਡਾ ਲਹਿਰਾਇਆ।

- ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ-ਦੇਸ਼ ਦੇ ਕਿਸਾਨਾਂ ਦੇ ਖਿਲਾਫ ਜਾਣ ਵਾਲਾ ਕੋਈ ਵੀ ਸਮਝੌਤਾ ਦੂਜੇ ਦੇਸ਼ਾਂ ਨਾਲ ਨਹੀਂ ਕੀਤਾ ਜਾਵੇਗਾ।

- ਸੀਮਾ ਸੁਰੱਖਿਆ ਬਲ ਵਲੋਂ ਅੰਮ੍ਰਿਤਸਰ ਦੇ ਖਾਸਾ ਅਤੇ ਅਟਾਰੀ ਸਮੇਤ ਹੋਰਨਾਂ ਯੂਨਿਟਾਂ ਵਿਚ ਤਿਰੰਗਾ ਲਹਿਰਾਇਆ ।

- ਪੰਜਾਬ ਪੁਲਿਸ ਦੀਆਂ ਸ਼ਾਨਦਾਰ ਸੇਵਾਵਾਂ ਨੂੰ ਮਾਨਤਾ ਦਿੰਦਿਆਂ, ਪੰਜਾਬ ਪੁਲਿਸ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਵਿਲੱਖਣ ਸੇਵਾ ਲਈ ਰਾਸ਼ਟਰਪਤੀ ਮੈਡਲ ਅਤੇ ਬੇਮਿਸਾਲ ਸੇਵਾ ਲਈ ਮੈਡਲ ਨਾਲ ਕੀਤਾ ਗਿਆ ਸਨਮਾਨਿਤ ।

---

**ਇਸਦੇ ਨਾਲ ਪ੍ਰਦੇਸ਼ਕ ਖ਼ਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖ਼ਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**